# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :02-09-2026**

***<u>ਪਹਿਲਾਂ ਬੁਲੇਟਿਨ ਦੀਆਂ ਖਾਸ ਖਬਰਾਂ</u>***

- ਸਰਕਾਰ ਨੇ ਖੰਡ  ਦੇ ਵਪਾਰੀਆਂ ਲਈ ਭੰਡਾਰ ਹੱਦ, ਚਾਰ ਹਜ਼ਾਰ ਕੁਇੰਟਲ ਤੋਂ ਘਟਾ ਕੇ ਦੋ ਹਜ਼ਾਰ ਕੁਇੰਟਲ ਕੀਤੀ- ਇਹ ਨਿਯਮ 15 ਸਤੰਬਰ ਤੋਂ 30 ਨਵੰਬਰ ਤੱਕ ਲਾਗੂ ਰਹੇਗਾ।

- ਭਾਰਤੀ ਜਨਤਾ ਪਾਰਟੀ ਨੇ ਅਧਿਕਾਰੀਆਂ ਦੇ ਤਬਾਦਲੇ ਅਤੇ ਤਾਇਨਾਤੀ ਵਿੱਚ ਕਥਿਤ ਭ੍ਰਿਸ਼ਟਾਚਾਰ ਦੇ ਮੁੱਦੇ 'ਤੇ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਤੇ ਇਲਜ਼ਾਮ ਲਗਾਇਆ ਮਾਮਲੇ ਦੀ ਜਾਂਚ ਸੀ.ਬੀ.ਆਈ ਤੋਂ ਕਰਵਾਉਣ ਦੀ ਮੰਗ  ਕੀਤੀ।

- ਕੈਬਿਨੇਟ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ -ਪੰਜਾਬ ਸਰਕਾਰ ਵੱਲੋਂ ਬੀ.ਸੀ. ਸਰਟੀਫਿਕੇਟਾਂ ਸਬੰਧੀ ਅਸਪਸ਼ਟਤਾ ਦੂਰ ਕਰਨ ਲਈ ਸੂਬਾ ਪੱਧਰੀ ਮੁਹਿੰਮ ਚਲਾਈ ਜਾਵੇਗੀ।

- ਸ਼੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੂਰਬ ਨੂੰ ਮਨਾਉਣ ਲਈ ਪੰਜਾਬ ਭਰ ਵਿਚ ਵੱਖ-ਵੱਖ ਸਮਾਗਮਾਂ ਦਾ ਸਿਲਸਿਲਾ ਜਾਰੀ ਏ ।

- ਗੁਰੂ ਨਾਨਕ ਦੇਵ ਯੂਨੀਵਰਸਿਟੀ ਵਲੋਂ ਸ੍ਰੀ ਅੰਮ੍ਰਿਤਸਰ ਸਾਹਿਬ ਦੀ 450ਵੀਂ ਸਥਾਪਨਾ ਵਰ੍ਹੇਗੰਢ ਮਨਾਉਣ ਲਈ ਸਾਲ ਭਰ ਚੱਲਣ ਵਾਲੀ ਪਹਿਲਕਦਮੀ ਦੀ ਸ਼ੁਰੂਆਤ ।

## ***ਹੁਣ ਖਬਰਾਂ ਵਿਸਥਾਰ ਨਾਲ***

ਸਰਕਾਰ ਨੇ ਖੰਡ  ਦੇ ਵਪਾਰੀਆਂ ਲਈ ਭੰਡਾਰ ਹੱਦ ਚਾਰ ਹਜ਼ਾਰ ਕੁਇੰਟਲ ਤੋਂ ਘਟਾ ਕੇ ਦੋ ਹਜ਼ਾਰ ਕੁਇੰਟਲ ਕਰ ਦਿੱਤੀ ਏ । ਇਹ ਨਿਯਮ 15 ਸਤੰਬਰ ਤੋਂ 30 ਨਵੰਬਰ ਤੱਕ ਲਾਗੂ ਰਹੇਗਾ। ਸੋਧੇ ਹੋਏ ਪ੍ਰਬੰਧਾਂ ਤਹਿਤ, ਕੋਈ ਵੀ ਖੰਡ ਕਾਰੋਬਾਰੀ ਪ੍ਰਾਪਤੀ ਦੀ ਤਰੀਕ ਤੋਂ 30 ਦਿਨਾਂ ਤੋਂ ਵੱਧ ਸਮੇਂ ਲਈ ਕੋਈ ਭੰਡਾਰ ਨਹੀਂ ਰੱਖ ਸਕਦਾ। ਖੰਡ ਵਪਾਰੀ ਦੇਸ਼ ਭਰ ਵਿੱਚ ਕਿਸੇ ਵੀ ਸਮੇਂ ਅਤੇ ਕਿਸੇ ਵੀ ਥਾਂ 'ਤੇ, ਦੋ ਹਜ਼ਾਰ ਕੁਇੰਟਲ ਤੋਂ ਵੱਧ ਖੰਡ ਦਾ ਭੰਡਾਰ ਨਹੀਂ ਕਰ ਸਕਦੇ।

---------------------------------------------------------------

ਭਾਰਤੀ ਜਨਤਾ ਪਾਰਟੀ ਨੇ ਅੱਜ ਅਧਿਕਾਰੀਆਂ ਦੇ ਤਬਾਦਲੇ ਅਤੇ ਤਾਇਨਾਤੀ ਵਿੱਚ ਕਥਿਤ ਭ੍ਰਿਸ਼ਟਾਚਾਰ ਦੇ ਮੁੱਦੇ 'ਤੇ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਤੇ ਇਲਜ਼ਾਮ ਲਗਾਇਆ ਏ । ਨਵੀਂ ਦਿੱਲੀ

ਵਿੱਚ ਪੱਤਰਕਾਰਾਂ ਨਾਲ ਗੱਲ ਕਰਦਿਆਂ, BJP ਬੁਲਾਰੇ ਗੌਰਵ ਭਾਟੀਆ ਨੇ ਇਲਜ਼ਾਮ ਲਗਾਉਂਦਿਆਂ ਕਿਹਾ ਕਿ ਸੀਨੀਅਰ ਅਧਿਕਾਰੀਆਂ ਦੇ ਤਬਾਦਲੇ ਅਤੇ ਤਾਇਨਾਤੀਆਂ ਇਸ ਸਮੇਂ ਇੱਕ ਨਿਸ਼ਚਿਤ ਦਰ ਕਾਰਡ ਦੇ ਆਧਾਰ 'ਤੇ ਕੀਤੀਆਂ ਜਾ ਰਹੀਆਂ ਨੇ । ਉਨ੍ਹਾਂ ਇਲਜ਼ਾਮ ਲਗਾਇਆ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੇ ਓ.ਐਸ.ਡੀ ਵੀ ਇਸ ਮਾਮਲੇ ਵਿੱਚ ਸ਼ਾਮਲ ਹਨ। ਸ੍ਰੀ ਭਾਟੀਆ ਨੇ ਕਿਹਾ ਕਿ ਇਨਫੋਰਸਮੈਂਟ ਡਾਇਰੈਕਟੋਰੇਟ ਦੀ ਜਾਂਚ ਤੋਂ ਪਤਾ ਲੱਗਾ ਏ ਕਿ ਦਰ ਕਾਰਡ ਵੱਖ-ਵੱਖ ਵਿਭਾਗਾਂ ਵਿੱਚ ਤਬਾਦਲਿਆਂ ਅਤੇ ਤਾਇਨਾਤੀਆਂ ਲਈ ਅਦਾ ਕੀਤੀ ਜਾਣ ਵਾਲੀ ਰਕਮ ਨੂੰ ਦਰਸਾਉਂਦਾ ਏ । BJP ਬੁਲਾਰੇ ਨੇ ਇਹ ਵੀ ਕਿਹਾ ਕਿ ਮਾਮਲਾ ਇੱਕ ਅਪਰਾਧਿਕ ਅਪਰਾਧ ਹੋਣ ਦੇ ਬਾਵਜੂਦ, ਪੰਜਾਬ ਪੁਲਿਸ ਨੇ ਕਥਿਤ ਨਕਦ ਦੇ ਬਦਲੇ ਤਬਾਦਲੇ ਮਾਮਲੇ ਵਿੱਚ ਐਫ.ਆਈ.ਆਰ ਦਰਜ ਨਹੀਂ ਕੀਤੀ ਏ । ਉਨ੍ਹਾਂ ਪੰਜਾਬ ਦੇ ਮੁੱਖ ਮੰਤਰੀ ਦੇ ਅਸਤੀਫ਼ੇ ਦੀ ਮੰਗ ਕੀਤੀ ਅਤੇ ਕਿਹਾ ਕਿ ਮਾਮਲੇ ਦੀ ਜਾਂਚ ਸੀ.ਬੀ.ਆਈ ਤੋਂ ਕਰਵਾਈ ਜਾਣੀ ਚਾਹੀਦੀ ਏ ।

BYTE

ਦੂਜੇ ਪਾਸੇ, ਆਮ ਆਦਮੀ ਪਾਰਟੀ ਪੰਜਾਬ ਦੇ ਪ੍ਰਧਾਨ ਅਮਨ ਅਰੋੜਾ ਨੇ ਅੱਜ ਕਿਹਾ ਕਿ ਕਥਿਤ ਨਕਦੀ ਟ੍ਰਾਂਸਫਰ ਅਤੇ ਜ਼ਮੀਨ ਧੋਖਾਧੜੀ ਦੇ ਮਾਮਲੇ ਵਿੱਚ ਐਫ.ਆਈ.ਆਰ ਉਦੋਂ ਤੱਕ ਦਰਜ ਨਹੀਂ ਕੀਤੀ ਜਾ ਸਕਦੀ ਜਦੋਂ ਤੱਕ ਇਨਫੋਰਸਮੈਂਟ ਏਜੰਸੀ ਪੰਜਾਬ ਪੁਲਿਸ ਨਾਲ ਸਬੂਤ ਸਾਂਝੇ ਨਹੀਂ ਕਰਦੀ।

BYTE

-----------------------------------------------------------

ਪੰਜਾਬ ਦੇ ਸਮਾਜਿਕ ਨਿਆਂ, ਸਸ਼ਕਤੀਕਰਨ ਅਤੇ ਘੱਟ ਗਿਣਤੀਆਂ ਬਾਰੇ ਮੰਤਰੀ ਡਾ. ਬਲਜੀਤ ਕੌਰ ਨੇ ਅੱਜ ਐਲਾਨ ਕੀਤਾ ਕਿ ਪੰਜਾਬ ਸਰਕਾਰ ਪੱਛੜੀਆਂ ਸ਼੍ਰੇਣੀਆਂ ਸਰਟੀਫਿਕੇਟਾਂ ਸੰਬੰਧੀ ਗਲਤ ਧਾਰਨਾਵਾਂ ਨੂੰ ਦੂਰ ਕਰਨ ਅਤੇ ਇਹ ਯਕੀਨੀ ਬਣਾਉਣ ਲਈ ਇੱਕ ਰਾਜ ਵਿਆਪੀ ਜਾਗਰੂਕਤਾ ਅਤੇ ਸਹੂਲਤ ਮੁਹਿੰਮ ਸ਼ੁਰੂ ਕਰੇਗੀ ਕਿ ਹਰੇਕ ਯੋਗ ਨਾਗਰਿਕ ਨੂੰ ਨਿਰਧਾਰਤ ਨਿਯਮਾਂ ਅਧੀਨ ਗਾਰੰਟੀਸ਼ੁਦਾ ਲਾਭ ਅਤੇ ਹੱਕ ਪ੍ਰਾਪਤ ਹੋਣ। ਅੱਜ ਚੰਡੀਗੜ੍ਹ ਦੇ ਪੰਜਾਬ ਭਵਨ ਵਿਖੇ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ, ਉਨ੍ਹਾਂ ਕਿਹਾ ਕਿ ਸਰਕਾਰ ਨੇ ਦੇਖਿਆ ਏ ਕਿ ਕਈ ਥਾਵਾਂ 'ਤੇ, ਯੋਗ ਬਿਨੈਕਾਰਾਂ ਨੂੰ ਨਿਰਧਾਰਤ ਦਿਸ਼ਾ-ਨਿਰਦੇਸ਼ਾਂ ਦੀ ਗਲਤ ਵਿਆਖਿਆ ਕਾਰਨ ਬੀ.ਸੀ. ਸਰਟੀਫਿਕੇਟ ਪ੍ਰਾਪਤ ਕਰਨ ਵਿੱਚ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਏ।

BYTE

ਡਾ. ਬਲਜੀਤ ਕੌਰ ਨੇ ਸਪੱਸ਼ਟ ਕੀਤਾ ਕਿ ਬੀ.ਸੀ. ਸਰਟੀਫਿਕੇਟ ਲਈ ਯੋਗਤਾ ਸਿਰਫ਼ ਬਿਨੈਕਾਰ ਦੇ ਮਾਪਿਆਂ ਦੀ ਸਥਿਤੀ ਦੇ ਆਧਾਰ 'ਤੇ ਨਿਰਧਾਰਤ ਕੀਤੀ ਜਾਂਦੀ ਏ । ਬਿਨੈਕਾਰ ਦੇ ਜੀਵਨ ਸਾਥੀ ਦੀ ਰੁਜ਼ਗਾਰ, ਆਮਦਨ ਜਾਂ ਸਮਾਜਿਕ ਸਥਿਤੀ ਦਾ ਯੋਗਤਾ 'ਤੇ ਕੋਈ ਅਸਰ ਨਹੀਂ ਪੈਂਦਾ।

-----------------------------------------------------------

ਸ਼੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੂਰਬ ਨੂੰ ਮਨਾਉਣ ਲਈ ਸੂਬੇ ਭਰ ਵਿਚ ਵੱਖ ਵੱਖ ਸਮਾਗਮ ਕਰਵਾਏ ਜਾ ਰਹੇ ਨੇ। ਇਸੇ ਤਹਿਤ ਪਠਾਨਕੋਟ ਜ਼ਿਲ੍ਹਾ ਪ੍ਰਸ਼ਾਸਨ ਅਤੇ ਖੇਡ ਵਿਭਾਗ ਵੱਲੋਂ ਸਾਂਝੇ ਤੌਰ 'ਤੇ 5 ਕਿਲੋਮੀਟਰ ਲੰਬੀ 'ਰਨ ਫਾਰ ਇਕੁਐਲਿਟੀ' -ਕਰਾਸ-ਕੰਟਰੀ ਮੈਰਾਥਨ ਦਾ ਆਯੋਜਨ ਕੀਤਾ ਗਿਆ। ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਦੌੜ ਨੂੰ ਰਵਾਨਾ ਕੀਤਾ। ਮੀਂਹ ਦੇ ਬਾਵਜੂਦ, ਦੌੜ ਵਿੱਚ ਨੌਜਵਾਨਾਂ ਅਤੇ ਸਕੂਲੀ ਬੱਚਿਆਂ ਵਿੱਚ ਬਹੁਤ ਉਤਸ਼ਾਹ ਦੇਖਣ ਨੂੰ ਮਿਲਿਆ, ਜਿਸ ਵਿੱਚ ਲਗਭਗ 700 ਭਾਗੀਦਾਰਾਂ ਨੇ ਹਿੱਸਾ ਲਿਆ। ਕੈਬਨਿਟ ਮੰਤਰੀ ਨੇ ਕਿਹਾ

BYTE

ਸੂਬਾ ਸਰਕਾਰ ਗੁਰੂ ਰਵਿਦਾਸ ਜੀ ਦੇ ਸਮਾਨਤਾ ਅਤੇ ਭਾਈਚਾਰੇ ਦੇ ਫਲਸਫੇ ਨੂੰ ਜਨਤਾ ਤੱਕ ਪਹੁੰਚਾਉਣ ਲਈ ਰਾਜ ਭਰ ਵਿੱਚ ਸ਼ਾਨਦਾਰ ਸਮਾਗਮ ਕਰਵਾ ਰਹੀ ਏ। ਉਨ੍ਹਾਂ ਦੱਸਿਆ ਕਿ ਯੂਨੀਵਰਸਿਟੀਆਂ ਅਤੇ ਵਿਦਿਅਕ ਸੰਸਥਾਵਾਂ ਵਿੱਚ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਅਤੇ ਫਲਸਫੇ 'ਤੇ ਸੈਮੀਨਾਰ ਕਰਵਾਏ ਜਾ ਰਹੇ ਨੇ। ਓਧਰ ਗੁਰਦਾਸਪੁਰ ਜ਼ਿਲ੍ਹਾ ਪ੍ਰਸ਼ਾਸਨ, ਖੇਡ ਵਿਭਾਗ ਅਤੇ ਸਿੱਖਿਆ ਵਿਭਾਗ ਦੇ ਸਹਿਯੋਗ ਨਾਲ 'ਮੈਰਾਥਨ 2026 – Run of Equality' ਦਾ ਸ਼ਾਨਦਾਰ ਆਯੋਜਨ ਕੀਤਾ ਗਿਆ। ਵੱਖ-ਵੱਖ ਸਕੂਲਾਂ ਦੇ ਕਰੀਬ 500 ਬੱਚਿਆਂ ਅਤੇ ਨੌਜਵਾਨਾਂ ਨੇ ਉਤਸ਼ਾਹ ਨਾਲ ਭਾਗ ਲੈਂਦਿਆਂ ਸਮਾਨਤਾ, ਭਾਈਚਾਰਕ ਸਾਂਝ ਅਤੇ ਸਿਹਤਮੰਦ ਜੀਵਨ ਦਾ ਸੰਦੇਸ਼ ਦਿੱਤਾ। ਜ਼ਿਲ੍ਹਾ

ਸਪੋਰਟਸ ਅਫ਼ਸਰ ਸਿਮਰਨਜੀਤ ਸਿੰਘ ਨੇ ਦੱਸਿਆ ਕਿ ਮੌਸਮ ਦੀ ਖਰਾਬੀ ਦੇ ਬਾਵਜੂਦ ਬੱਚਿਆਂ ਵਿੱਚ ਮੈਰਾਥਨ ਨੂੰ ਲੈ ਕੇ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ। ਉਨ੍ਹਾਂ ਦੱਸਿਆ ਕਿ ਵਧੀਆ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਖਿਡਾਰੀਆਂ ਨੂੰ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ।

---------------------------------------------------------

ਗੁਰੂ ਨਾਨਕ ਦੇਵ ਯੂਨੀਵਰਸਿਟੀ ਨੇ ਸ੍ਰੀ ਅੰਮ੍ਰਿਤਸਰ ਸਾਹਿਬ ਦੀ 450ਵੀਂ ਸਥਾਪਨਾ ਵਰ੍ਹੇਗੰਢ ਮਨਾਉਣ ਲਈ ਇੱਕ ਸਾਲ ਭਰ ਚੱਲਣ ਵਾਲੀ ਇੱਕ ਵੱਡੀ ਪਹਿਲਕਦਮੀ ਸ਼ੁਰੂ ਕੀਤੀ ਏ। ਇਹ ਪਹਿਲ ਦਾ ਉਦੇਸ਼ ਰਸਮੀ ਜਸ਼ਨਾਂ ਤੋਂ ਅੱਗੇ ਵਧਕੇ ਅੰਮ੍ਰਿਤਸਰ ਦੇ ਅਤੀਤ, ਮੌਜੂਦਾ ਚੁਣੌਤੀਆਂ ਅਤੇ ਭਵਿੱਖ ਦੀਆਂ ਸੰਭਾਵਨਾਵਾਂ ਦੀ ਵਿਆਪਕ ਸਮਝ ਵਿਕਸਤ ਕਰਨ ਦੀ ਕੋਸ਼ਿਸ਼ ਕਰਨਾ ਏ । 13 ਮੈਂਬਰੀ ਸਲਾਹਕਾਰ ਕਮੇਟੀ ਦੀ ਪਹਿਲੀ ਮੀਟਿੰਗ ਦੀ ਪ੍ਰਧਾਨਗੀ ਕਰਦੇ ਹੋਏ, ਯੂਨੀਵਰਸਿਟੀ ਦੇ ਵਾਈਸ ਚਾਂਸਲਰ, ਪ੍ਰੋ. ਕਰਮਜੀਤ ਸਿੰਘ ਨੇ ਕਿਹਾ ਕਿ ਇਹ ਵਰ੍ਹੇਗੰਢ ਅੰਮ੍ਰਿਤਸਰ ਦੀ ਵਿਲੱਖਣ ਅਧਿਆਤਮਿਕ ਅਤੇ ਸੱਭਿਆਚਾਰਕ ਪਛਾਣ ਨੂੰ ਸੁਰੱਖਿਅਤ ਰੱਖਣ ਦਾ ਇੱਕ ਇਤਿਹਾਸਕ ਮੌਕਾ ਪ੍ਰਦਾਨ ਕਰਦੀ ਏ ਜਦੋਂ ਕਿ ਇਸਦੇ ਵਿਸ਼ਵ ਪੱਧਰੀ ਵਿਰਾਸਤ, ਸੱਭਿਆਚਾਰਕ ਅਤੇ ਆਧੁਨਿਕ ਸ਼ਹਿਰ ਵਜੋਂ ਉਭਰਨ ਲਈ ਇੱਕ ਸਮੂਹਿਕ ਦ੍ਰਿਸ਼ਟੀਕੋਣ ਵਿਕਸਤ ਕਰਦੀ ਏ। ਉਨ੍ਹਾਂ ਕਿਹਾ ਕਿ ਮਾਹਿਰਾਂ ਨਾਲ ਸਲਾਹ-ਮਸ਼ਵਰੇ ਅਤੇ ਸਾਲ ਭਰ ਚੱਲੇ ਵਿਚਾਰ-ਵਟਾਂਦਰੇ ਤੋਂ ਬਾਅਦ ਇੱਕ "ਅੰਮ੍ਰਿਤਸਰ ਨੀਤੀ ਦਸਤਾਵੇਜ਼" ਤਿਆਰ ਕੀਤਾ ਜਾਵੇਗਾ, ਜੋ ਇਤਿਹਾਸਕ ਸ਼ਹਿਰ ਲਈ

ਇੱਕ ਲੰਬੇ ਸਮੇਂ ਦੇ ਦ੍ਰਿਸ਼ਟੀਕੋਣ ਦਸਤਾਵੇਜ਼ ਵਜੋਂ ਕੰਮ ਕਰੇਗਾ। ਅੰਮ੍ਰਿਤਸਰ ਦੇ ਵੱਖ ਵੱਖ ਪਹਿਲੂਆਂ ਨੂੰ ਦਸਤਾਵੇਜ਼ੀ ਰੂਪ ਦੇਣ ਵਾਲੀ ਇੱਕ ਵਿਆਪਕ ਕਿਤਾਬਚਾ ਵੀ ਤਿਆਰ ਕੀਤਾ ਜਾਵੇਗਾ। ਵਾਈਸ-ਚਾਂਸਲਰ ਨੇ ਕਿਹਾ ਕਿ ਯੂਨੀਵਰਸਿਟੀ 450 ਨੌਜਵਾਨਾਂ ਨੂੰ 'ਅੰਮ੍ਰਿਤਸਰ ਰਾਜਦੂਤ' ਵਜੋਂ ਸ਼ਾਮਲ ਕਰਨ ਦੀ ਤਜਵੀਜ਼ ਰੱਖਦੀ ਏ ਤਾਂ ਜੋ ਸ਼ਹਿਰ ਦੇ ਆਂਢ-ਗੁਆਂਢ, ਸੰਸਥਾਵਾਂ, ਭਾਈਚਾਰਿਆਂ, ਵਿਰਾਸਤ ਅਤੇ ਸ਼ਖਸੀਅਤਾਂ ਨਾਲ ਜੁੜੀਆਂ ਕਹਾਣੀਆਂ ਨੂੰ ਦਸਤਾਵੇਜ਼ੀ ਰੂਪ ਦਿੱਤਾ ਜਾ ਸਕੇ ਅਤੇ ਸਾਂਝਾ ਕੀਤਾ ਜਾ ਸਕੇ। ਵਿਦਿਆਰਥੀ ਸਾਲ ਭਰ ਚੱਲਣ ਵਾਲੇ ਪ੍ਰੋਗਰਾਮਾਂ ਦੀ ਯੋਜਨਾਬੰਦੀ ਅਤੇ ਲਾਗੂ ਕਰਨ ਵਿੱਚ ਸਰਗਰਮੀ ਨਾਲ ਸ਼ਾਮਲ ਹੋਣਗੇ, ਜਿਸ ਨਾਲ ਉਹ ਇਸ ਪਹਿਲਕਦਮੀ ਵਿੱਚ ਭਾਈਵਾਲ ਹੋਣਗੇ।

---------------------------------------------------------------

ਪੰਜਾਬ ਸਰਕਾਰ ਵੱਲੋਂ ਪੂਰੇ ਪੰਜਾਬ ਵਿੱਚ ਚਲਾਏ ਜਾ ਰਹੀ 'ਮਿਸ਼ਨ ਕਲੀਨ ਪੰਜਾਬ' ਮੁਹਿੰਮ ਸੂਬੇ ਭਰ ਵਿਚ ਜਾਰੀ ਏ । ਇਸੇ ਤਹਿਤ ਨਗਰ ਕੌਂਸਲ ਨੰਗਲ ਵੱਲੋਂ ਸ਼ੁਰੂ ਕੀਤੇ ਗਏ ਵਿਸ਼ੇਸ਼ ਸਫ਼ਾਈ ਅਭਿਆਨ ਦੀ ਲੜੀ ਦੇ ਚੌਥੇ ਦਿਨ ਅੱਜ ਵਾਰਡ ਨੰਬਰ 12 ਵਿੱਚ ਸਫ਼ਾਈ ਮੁਹਿੰਮ ਚਲਾਈ ਗਈ। ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨਗਰ ਕੌਂਸਲ ਨੰਗਲ ਦੀ ਪੂਰੀ ਟੀਮ ਨੂੰ ਨਾਲ ਲੈ ਕੇ ਖੁਦ ਸਫ਼ਾਈ ਕਾਰਜਾਂ ਦੀ ਅਗਵਾਈ ਕਰ ਰਹੇ ਨੇ । ਇਸ ਮੌਕੇ ਸ੍ਰੀ ਬੈਂਸ ਨੇ ਕਿਹਾ

BYTE

ਇਸ ਦੌਰਾਨ ਵਾਰਡ ਦੇ ਵੱਖ-ਵੱਖ ਇਲਾਕਿਆਂ ਵਿੱਚ ਸਫ਼ਾਈ ਕਰਵਾਉਣ ਦੇ ਨਾਲ-ਨਾਲ ਵਾਰਡ ਵਾਸੀਆਂ ਨਾਲ ਗੱਲਬਾਤ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਵੀ ਸੁਣੀਆਂ ਜਾ ਰਹੀਆਂ ਹਨ। ਸਫ਼ਾਈ ਪ੍ਰਬੰਧਾਂ ਨੂੰ ਹੋਰ ਬਿਹਤਰ ਬਣਾਉਣ ਲਈ ਲੋਕਾਂ ਤੋਂ ਸੁਝਾਅ ਵੀ ਲਏ ਜਾ ਰਹੇ ਨੇ । ਸਿੱਖਿਆ ਮੰਤਰੀ ਨੇ ਕਿਹਾ ਕਿ ਨਗਰ ਕੌਂਸਲ ਨੰਗਲ ਦੇ ਵਾਰਡਾਂ ਵਿੱਚ ਸਫ਼ਾਈ ਨੂੰ ਲੈ ਕੇ ਬਹੁਤ ਜਲਦ ਇੱਕ ਸਫ਼ਾਈ ਮੁਕਾਬਲਾ ਕਰਵਾਇਆ ਜਾਵੇਗਾ। ਇਸ ਮੁਕਾਬਲੇ ਵਿੱਚ ਆਪਣੇ ਵਾਰਡ ਨੂੰ ਸਭ ਤੋਂ ਵੱਧ ਸਾਫ਼-ਸੁਥਰਾ ਰੱਖਣ ਵਾਲੇ ਕੌਂਸਲਰ ਅਤੇ ਵਾਰਡ ਵਾਸੀਆਂ ਨੂੰ ਵਿਸ਼ੇਸ਼ ਤੌਰ ’ਤੇ ਸਨਮਾਨਿਤ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸ਼ਹਿਰ ਨੂੰ ਸਾਫ਼-ਸੁਥਰਾ ਰੱਖਣਾ ਸਿਰਫ਼ ਸਰਕਾਰ ਜਾਂ ਨਗਰ ਕੌਂਸਲ ਦੀ ਜ਼ਿੰਮੇਵਾਰੀ ਨਹੀਂ, ਸਗੋਂ ਹਰ ਨਾਗਰਿਕ ਦੀ ਸਾਂਝੀ ਜ਼ਿੰਮੇਵਾਰੀ ਏ ।

---------------------------------------------------------------

ਡਾ. ਬੀ. ਆਰ. ਅੰਬੇਡਕਰ ਨੈਸ਼ਨਲ ਇੰਸਟੀਚਿਊਟ ਆਫ਼ ਟੈਕਨਾਲੋਜੀ-NIT ਜਲੰਧਰ ਵਿੱਚ ਬੀਤੇ ਦਿਨੀ ਹਿੰਦੀ ਮਹੀਨੇ 2026 ਦਾ ਉਦਘਾਟਨ ਕੀਤਾ ਗਿਆ। ਇਹ ਪ੍ਰੋਗਰਾਮ ਸਿੱਖਿਆ ਮੰਤਰਾਲੇ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਕਰਵਾਇਆ ਜਾ ਰਿਹਾ ਏ । ਸੰਸਥਾਂ ਦੀ ਰਾਜਭਾਸ਼ਾ ਕਮੇਟੀ ਵੱਲੋਂ ਕਰਵਾਇਆ ਜਾ ਰਿਹਾ ਇਹ ਪ੍ਰੋਗਰਾਮ ਪਹਿਲੀ ਤੋਂ 30 ਸਤੰਬਰ ਤੱਕ ਚੱਲੇਗਾ। ਹਿੰਦੀ ਮਹੀਨੇ ਦੇ ਉਦਘਾਟਨ ਸਮਾਗਮ ਵਿੱਚ ਐਨ.ਆਈ.ਟੀ ਜਲੰਧਰ ਦੇ ਡਾਇਰੈਕਟਰ ਪ੍ਰੋ. ਬਿਨੋਦ ਕੁਮਾਰ ਕਨੌਜੀਆ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਪ੍ਰੋਗਰਾਮ ਨੂੰ ਸੰਬੋਧਨ

ਕਰਦਿਆਂ ਪ੍ਰੋ. ਕਨੌਜੀਆ ਨੇ ਕਿਹਾ ਕਿ ਹਿੰਦੀ ਮਹੀਨਾ ਵਿਦਿਆਰਥੀਆਂ ਅਤੇ ਕਰਮਚਾਰੀਆਂ ਨੂੰ ਹਿੰਦੀ ਨਾਲ ਜੁੜਨ ਅਤੇ ਆਪਣੀ ਪ੍ਰਤਿਭਾ ਨੂੰ ਸਾਹਮਣੇ ਲਿਆਉਣ ਦਾ ਇੱਕ ਵਧੀਆ ਮੌਕਾ ਏ । ਉਨ੍ਹਾਂ ਨੇ ਸਾਰਿਆਂ ਨੂੰ ਇਨ੍ਹਾਂ ਪ੍ਰੋਗਰਾਮਾਂ ਵਿੱਚ ਉਤਸ਼ਾਹ ਨਾਲ ਹਿੱਸਾ ਲੈਣ ਲਈ ਕਿਹਾ।

ਹਿੰਦੀ ਮਹੀਨੇ ਦੌਰਾਨ ਰਾਜਭਾਸ਼ਾ ਕਮੇਟੀ ਵੱਲੋਂ ਵਿਦਿਆਰਥੀਆਂ, ਅਧਿਆਪਕਾਂ ਅਤੇ ਕਰਮਚਾਰੀਆਂ ਲਈ ਵੱਖ-ਵੱਖ ਪ੍ਰੋਗਰਾਮ ਅਤੇ ਮੁਕਾਬਲੇ ਕਰਵਾਏ ਜਾਣਗੇ।

---------------------------------------------------------------

ਚੋਣ ਕਮਿਸ਼ਨ ਨੇ ਪਟਿਆਲਾ ਦੇ ਮੰਡਲ ਕਮਿਸ਼ਨਰ ਵਿਨੈ ਬੁਬਲਾਨੀ ਨੂੰ ਵਿਸ਼ੇਸ਼ ਤੀਬਰ -2026 ਸਬੰਧੀ ਪਟਿਆਲਾ ਦਾ ਰੋਲ ਆਬਜ਼ਰਵਰ ਨਿਯੁਕਤ ਕੀਤਾ ਏ । ਉਨ੍ਹਾਂ ਨੇ ਅੱਜ  ਜ਼ਿਲ੍ਹਾ ਚੋਣ ਅਫ਼ਸਰ ਡਾ. ਹਿਮਾਂਸ਼ੂ ਅਗਰਵਾਲ ਸਮੇਤ ਜ਼ਿਲ੍ਹੇ ਦੇ ਸਮੂਹ ਚੋਣਕਾਰ ਰਜਿਸਟ੍ਰੇਸ਼ਨ ਅਫਸਰਾਂ, 13-ਪਟਿਆਲਾ ਦੇ ਐਮ.ਪੀ., ਸਮੂਹ ਐਮ.ਐਲ.ਏ ਤੇ ਰਾਜਸੀ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਐਸ.ਆਈ.ਆਰ-2026 ਦੇ ਨੋਟਿਸ ਗੇੜ ਤੇ ਦਾਅਵਿਆਂ ਅਤੇ ਇਤਰਾਜ਼ਾਂ ਦੇ ਨਿਪਟਾਰੇ ਸਬੰਧੀ ਮੀਟਿੰਗ ਕੀਤੀ। ਉਨ੍ਹਾਂ ਦੱਸਿਆ ਕਿ SIR ਦੌਰਾਨ ਜ਼ਿਲ੍ਹੇ ਦੇ ਸਮੂਹ ਵਿਧਾਨ ਸਭਾ ਚੋਣ ਹਲਕਿਆਂ ਵਿੱਚ ਤਿੰਨ ਦੌਰੇ ਕਰਨਗੇ। ਵਿਨੈ ਬੁਬਲਾਨੀ ਨੇ ਇਸ ਗੱਲ ਉਪਰ ਜ਼ੋਰ ਦਿੱਤਾ ਕਿ ਪਟਿਆਲਾ ਜ਼ਿਲ੍ਹੇ ਦਾ ਕੋਈ ਵੀ ਯੋਗ ਨਾਗਰਿਕ ਵੋਟਰ ਸੂਚੀ ਤੋਂ ਬਾਹਰ ਨਾ ਰਹੇ। ਉਨ੍ਹਾਂ ਦੱਸਿਆ ਕਿ ਜੇਕਰ SIR ਦੌਰਾਨ ਕਿਸੇ ਨਾਗਰਿਕ ਦਾ ਨਾਮ ਖਰੜਾ ਵੋਟਰ ਸੂਚੀ ਵਿੱਚੋਂ ਬਾਹਰ ਰਹਿ ਗਿਆ ਏ

ਅਤੇ ਜਾਂ ਕੋਈ ਆਪਣੀ ਨਵੀਂ ਵੋਟ ਬਣਵਾਉਣਾ ਚਾਹੁੰਦਾ ਏ ਤਾਂ ਉਹ ਚੋਣ ਕਮਿਸ਼ਨ ਵੱਲੋਂ ਨਿਰਧਾਰਤ ਫਾਰਮ ਭਰਕੇ ਸਮੇਤ ਲੋੜੀਂਦੇ ਦਸਤਾਵੇਜਾਂ ਦੇ ਆਪਣੇ ਬੀ.ਐਲ.ਓ ਨਾਲ 12 ਸਤੰਬਰ ਤੱਕ ਸੰਪਰਕ ਕਰੇ। ਉਨ੍ਹਾਂ ਦੱਸਿਆ ਕਿ ਇਸ ਤੋਂ ਬਿਨ੍ਹਾਂ ਜ਼ਿਲ੍ਹਾ ਪਟਿਆਲਾ ਦੇ ਸਮੂਹ 1861 ਪੋਲਿੰਗ ਸਟੇਸ਼ਨਾਂ ’ਤੇ 6 ਸਤੰਬਰ ਨੂੰ ਵਿਸ਼ੇਸ਼ ਕੈਂਪ ਲਗਾਇਆ ਜਾਵੇਗਾ ।

---------------------------------------------------------------

ਮੌਸਮ ਵਿਭਾਗ ਨੇ ਅਗਲੇ ਤਿੰਨ ਦਿਨਾਂ ਦੌਰਾਨ, ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਦੇ ਵੱਖ-ਵੱਖ ਹਿੱਸਿਆਂ ਵਿੱਚ, ਭਾਰੀ ਮੀਂਹ ਦਾ ਯੈਲੋ ਅਲਰਟ ਜਾਰੀ ਕੀਤਾ ਏ। ਪਿਛਲੇ 24 ਘੰਟਿਆਂ ਵਿੱਚ, ਜਲੰਧਰ ਸਮੇਤ ਪੰਜਾਬ ਦੇ ਕਈ ਹਿੱਸਿਆਂ ਵਿੱਚ ਹਲਕੀ ਤੋਂ ਦਰਮਿਆਨੀ ਬਾਰਿਸ਼ ਹੋਈ ਏ।
ਅੱਜ ਪੰਜਾਬ ਦੇ ਬਠਿੰਡਾ ਵਿੱਚ ਵੱਧ-ਤੋਂ ਵੱਧ ਤਾਪਮਾਨ 36.4 ਡਿਗਰੀ ਸੈਲਸੀਅਸ ਅਤੇ ਹਰਿਆਣਾ ਦੇ ਹਿਸਾਰ ਵਿੱਚ ਵੱਧ-ਤੋਂ ਵੱਧ ਤਾਪਮਾਨ 37.1 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ।

---------------------------------------------------------------

- ਸਰਕਾਰ ਨੇ ਖੰਡ  ਦੇ ਵਪਾਰੀਆਂ ਲਈ ਭੰਡਾਰ ਹੱਦ, ਚਾਰ ਹਜ਼ਾਰ ਕੁਇੰਟਲ ਤੋਂ ਘਟਾ ਕੇ ਦੋ ਹਜ਼ਾਰ ਕੁਇੰਟਲ ਕੀਤੀ- ਇਹ ਨਿਯਮ 15 ਸਤੰਬਰ ਤੋਂ 30 ਨਵੰਬਰ ਤੱਕ ਲਾਗੂ ਰਹੇਗਾ ।

- ਭਾਰਤੀ ਜਨਤਾ ਪਾਰਟੀ ਨੇ ਅਧਿਕਾਰੀਆਂ ਦੇ ਤਬਾਦਲੇ ਅਤੇ ਤਾਇਨਾਤੀ ਵਿੱਚ ਕਥਿਤ ਭ੍ਰਿਸ਼ਟਾਚਾਰ ਦੇ ਮੁੱਦੇ 'ਤੇ ਪੰਜਾਬ ਦੀ

ਆਮ ਆਦਮੀ ਪਾਰਟੀ ਸਰਕਾਰ ਤੇ ਇਲਜ਼ਾਮ ਲਗਾਇਆ ਮਾਮਲੇ ਦੀ ਜਾਂਚ ਸੀ.ਬੀ.ਆਈ ਤੋਂ ਕਰਵਾਉਣ ਦੀ ਮੰਗ ਕੀਤੀ।

- ਕੈਬਿਨੇਟ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ -ਪੰਜਾਬ ਸਰਕਾਰ ਵੱਲੋਂ ਬੀ.ਸੀ. ਸਰਟੀਫਿਕੇਟਾਂ ਸਬੰਧੀ ਅਸਪਸ਼ਟਤਾ ਦੂਰ ਕਰਨ ਲਈ ਸੂਬਾ ਪੱਧਰੀ ਮੁਹਿੰਮ ਚਲਾਈ ਜਾਵੇਗੀ।

- ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੂਰਬ ਨੂੰ ਮਨਾਉਣ ਲਈ ਪੰਜਾਬ ਭਰ ਵਿਚ ਵੱਖ-ਵੱਖ ਸਮਾਗਮਾਂ ਦਾ ਸਿਲਸਿਲਾ ਜਾਰੀ ਏ ।

- ਗੁਰੂ ਨਾਨਕ ਦੇਵ ਯੂਨੀਵਰਸਿਟੀ ਵਲੋਂ ਸ੍ਰੀ ਅੰਮ੍ਰਿਤਸਰ ਸਾਹਿਬ ਦੀ 450ਵੀਂ ਸਥਾਪਨਾ ਵਰ੍ਹੇਗੰਢ ਮਨਾਉਣ ਲਈ ਸਾਲ ਭਰ ਚੱਲਣ ਵਾਲੀ ਪਹਿਲਕਦਮੀ ਦੀ ਸ਼ੁਰੂਆਤ।

---

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ,**

**ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗ 7.30**

**ਨਮਸਕਾਰ**